# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :19-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ -ਲੋੜਵੰਦ ਵਿਦਿਆਰਥੀਆਂ ਨੂੰ ਵਿਦਿਅਕ ਸਹਾਇਤਾ ਪ੍ਰਦਾਨ ਕਰਨਾ, ਰਾਸ਼ਟਰ ਨਿਰਮਾਣ ਵੱਲ ਇੱਕ ਸ਼ਕਤੀਸ਼ਾਲੀ ਕਦਮ ਏ।
- ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਮਰਦਮਸ਼ੁਮਾਰੀ ਕਾਰਜਾਂ ਵਿੱਚ ਜਾਤੀਵਾਚਕ ਸ਼ਬਦਾਂ ਦੀ ਵਰਤੋਂ ਦੇ ਇਲਜ਼ਾਮਾਂ ਨੂੰ ਲੈ ਕੇ, ਸੰਬਧਤ ਵਿਭਾਗਾਂ ਨੂੰ ਨੋਟਿਸ ਜਾਰੀ ਕੀਤਾ।
- ਪੰਜਾਬ ਰਾਜ ਚੋਣ ਕਮਿਸ਼ਨ ਨੇ 26 ਮਈ ਨੂੰ 8 ਨਗਰ ਨਿਗਮਾਂ ਸਮੇਤ 105 ਸਥਾਨਕ ਇਕਾਈਆਂ ਲਈ ਹੋਣ ਵਾਲੀਆਂ ਆਉਂਦੀਆਂ ਨਗਰ ਨਿਗਮ ਆਮ ਚੋਣਾਂ, 2026 ਲਈ ਦਾਖਲ ਕੀਤੀਆਂ 713 ਨਾਮਜ਼ਦਗੀਆਂ ਰੱਦ ਕੀਤੀਆਂ ।

- ਪੰਜਾਬ ਤੇ ਹਰਿਆਣਾ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਪਾਰ ਹੋਇਆ -ਮੌਸਮ ਵਿਭਾਗ ਵੱਲੋਂ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ, ਤਾਪਮਾਨ ਵਿੱਚ ਹੋਰ ਵਾਧਾ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ।
- IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਜੈਪੁਰ ਵਿੱਚ ਸ਼ਾਮੀ ਸਾਢੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

## ਹੁਣ ਖ਼ਬਰਾਂ ਵਿਸਥਾਰ ਨਾਲ

ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਲੋੜਵੰਦ ਵਿਦਿਆਰਥੀਆਂ ਨੂੰ ਵਿਦਿਅਕ ਸਹਾਇਤਾ ਪ੍ਰਦਾਨ ਕਰਨਾ ਰਾਸ਼ਟਰ ਨਿਰਮਾਣ ਵੱਲ ਇੱਕ ਸ਼ਕਤੀਸ਼ਾਲੀ ਕਦਮ ਏ। ਅੱਜ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ, ਚੰਡੀਗੜ੍ਹ ਵਲੋਂ ਕਰਵਾਏ "ਸਾਖਰਤਾ" ਪ੍ਰੋਗਰਾਮ ਵਿੱਚ ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਸ਼ਾਸਕ ਨੇ ਕਿਹਾ ਕਿ ਬੱਚਿਆਂ ਨੂੰ ਵਿਦਿਅਕ ਸਹਾਇਤਾ ਪ੍ਰਦਾਨ ਕਰਨਾ ਸਿਰਫ ਦਾਨ ਦਾ ਕੰਮ ਨਹੀਂ , ਸਗੋਂ ਰਾਸ਼ਟਰ ਨਿਰਮਾਣ ਵੱਲ ਇੱਕ ਦੂਰਦਰਸ਼ੀ ਅਤੇ ਸ਼ਕਤੀਸ਼ਾਲੀ ਪਹਿਲਕਦਮੀ ਏ। ਉਨ੍ਹਾਂ ਕਿਹਾ ਕਿ ਸਿੱਖਿਆ ਆਤਮ-ਵਿਸ਼ਵਾਸ, ਸਵੈ-ਮਾਣ ਅਤੇ ਆਤਮ -ਨਿਰਭਰਤਾ ਦੀ ਸਭ ਤੋਂ ਵੱਡੀ

ਸ਼ਕਤੀ ਏ । ਉਨ੍ਹਾਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ, ਅਨੁਸ਼ਾਸਿਤ ਰਹਿਣ ਅਤੇ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕਰਨ ਦੀ ਅਪੀਲ ਕੀਤੀ। ਪ੍ਰਸ਼ਾਸਕ ਨੇ ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦੇ ਪ੍ਰਦਰਸ਼ਨ ਵਿੱਚ ਨਿਰੰਤਰ ਸੁਧਾਰ ਦੀ ਸ਼ਲਾਘਾ ਕੀਤੀ। ਇਸ ਮੌਕੇ ਲੋੜਵੰਦ ਅਤੇ ਹੋਣਹਾਰ ਸਕੂਲੀ ਵਿਦਿਆਰਥੀਆਂ ਨੂੰ ਵਿਦਿਅਕ ਸਮੱਗਰੀ ਵੰਡੀ ਗਈ। ਪ੍ਰੋਗਰਾਮ ਦੌਰਾਨ, ਲਗਭਗ 450 ਪਛੜੇ ਵਿਦਿਆਰਥੀਆਂ ਨੂੰ ਸਕੂਲ ਵਰਦੀਆਂ, ਬੈਗ, ਸਟੇਸ਼ਨਰੀ ਅਤੇ ਹੋਰ ਅਧਿਐਨ ਸਮੱਗਰੀ ਪ੍ਰਦਾਨ ਕੀਤੀ ਗਈ। ਉਨ੍ਹਾਂ ਇਹ ਵੀ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਇੱਕ ਢਾਂਚਾਗਤ ਕਰੀਅਰ ਕਾਉਂਸਲਿੰਗ ਪ੍ਰੋਗਰਾਮ ਸ਼ੁਰੂ ਕਰਨ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਅਤੇ ਉੱਚ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਲਈ ਉਦਯੋਗਪਤੀਆਂ ਅਤੇ ਹੋਰ ਹਿੱਸੇਦਾਰਾਂ ਤੋਂ ਸਹਾਇਤਾ ਜੁਟਾਉਣ ਲਈ ਕੰਮ ਕਰ ਰਿਹਾ ਏ । ਪ੍ਰਸ਼ਾਸਕ ਨੇ ਭਾਰਤ ਵਿਕਾਸ ਪ੍ਰੀਸ਼ਦ ਦੇ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਲਈ ਸਾਲ 2026-27 ਲਈ 25 ਲੱਖ ਅਲਾਟ ਕਰਨ ਦੇ ਫੈਸਲੇ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਨਿਰਦੇਸ਼ਕ ਨਿਤੀਸ਼ ਸਿੰਗਲਾ; ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਅਜੈ ਦੱਤਾ ਸਮੇਤ ਹੋਰ ਪਤਵੰਤੇ ਮੌਜੂਦ ਰਹੇ ।

---

ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਆਉਣ ਵਾਲੇ ਮਰਦਮਸ਼ੁਮਾਰੀ ਕਾਰਜਾਂ ਲਈ, ਤਿਆਰ ਕੀਤੀ ਗਈ ਅਧਿਕਾਰਤ ਸੂਚੀ ਵਿੱਚ ਜਾਤੀਵਾਚਕ ਸ਼ਬਦਾਂ ਦੀ ਵਰਤੋਂ ਦੇ ਇਲਜ਼ਾਮਾਂ ਨੂੰ ਲੈ ਕੇ, ਪੰਜਾਬ ਦੇ ਮਰਦਮਸ਼ੁਮਾਰੀ ਕਾਰਜ ਡਾਇਰੈਕਟੋਰੇਟ ਅਤੇ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਤੇ ਘੱਟ ਗਿਣਤੀ ਵਿਭਾਗ ਦੇ ਪ੍ਰਮੁੱਖ ਸਕੱਤਰ ਨੂੰ ਨੋਟਿਸ ਜਾਰੀ ਕੀਤਾ ਏ। ਸਰਕਾਰੀ ਦਸਤਾਵੇਜ਼ਾਂ ਵਿੱਚ ਇਤਰਾਜ਼ਯੋਗ ਜਾਤੀ-ਸੰਕੇਤਕ ਸ਼ਬਦਾਂ ਨੂੰ ਸ਼ਾਮਲ ਕਰਨ ਸੰਬੰਧੀ, ਸਬੰਧਤ ਅਧਿਕਾਰੀਆਂ ਤੋਂ ਸਪੱਸ਼ਟੀਕਰਨ ਮੰਗਦਿਆਂ, ਕਮਿਸ਼ਨ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਰਨ ਲਈ ਕਿਹਾ ਏ ਕਿ, ਅਜਿਹੀ ਭਾਸ਼ਾ ਦੀ ਵਰਤੋਂ ਕਿਉਂ ਕੀਤੀ ਗਈ ਅਤੇ ਇਸ ਮਾਮਲੇ ਦੇ ਜਵਾਬ ਵਿੱਚ, ਕਿਹੜੇ ਸੁਧਾਰਾਤਮਕ ਉਪਾਅ ਕੀਤੇ ਗਏ ਨੇ। ਕਮਿਸ਼ਨ ਨੇ ਸਬੰਧਤ ਅਧਿਕਾਰੀਆਂ ਨੂੰ 15 ਦਿਨਾਂ ਦੀ ਨਿਰਧਾਰਤ ਸਮਾਂ-ਹੱਦ  ਦੇ ਅੰਦਰ ਜਵਾਬ ਦੇਣ ਦੇ ਨਿਰਦੇਸ਼ ਦਿੱਤੇ ਨੇ।

---

ਪੰਜਾਬ ਰਾਜ ਚੋਣ ਕਮਿਸ਼ਨ ਨੇ 26 ਮਈ ਨੂੰ 8 ਨਗਰ ਨਿਗਮਾਂ ਸਮੇਤ 105 ਸਥਾਨਕ ਇਕਾਈਆਂ ਲਈ ਹੋਣ ਵਾਲੀਆਂ ਆਉਂਦੀਆਂ ਨਗਰ ਨਿਗਮ ਆਮ ਚੋਣਾਂ, 2026 ਲਈ ਦਾਖਲ ਕੀਤੀਆਂ 713 ਨਾਮਜ਼ਦਗੀਆਂ ਰੱਦ ਕਰ ਦਿੱਤੀਆਂ ਨੇ । ਚੋਣ ਕਮਿਸ਼ਨ ਮੁਤਾਬਿਕ , 16

ਮਈ ਦੀ ਆਖਰੀ ਤਰੀਕ ਤੱਕ ਕੁੱਲ 10 ਹਜ਼ਾਰ ,809 ਉਮੀਦਵਾਰਾਂ ਨੇ ਆਪਣੀਆਂ ਨਾਮਜ਼ਦਗੀਆਂ ਦਾਖਲ ਕੀਤੀਆਂ ਸਨ। 18 ਮਈ ਨੂੰ ਜਾਂਚ ਤੋਂ ਬਾਅਦ, ਹੁਣ ਚੋਣ ਮੈਦਾਨ ਵਿੱਚ 10 ਹਜ਼ਾਰ 96 ਉਮੀਦਵਾਰ ਨੇ। ਨਗਰ ਨਿਗਮ ਚੋਣਾਂ ਲਈ ਦਾਖਲ ਕੀਤੇ ਗਏ 151 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਕਰ ਦਿੱਤੇ ਗਏ ਹਨ, ਨਗਰ ਪ੍ਰੀਸ਼ਦ ਲਈ ਦਾਖਲ ਕੀਤੇ ਗਏ 447 ਅਤੇ ਨਗਰ ਪੰਚਾਇਤਾਂ ਲਈ ਦਾਖਲ ਕੀਤੇ 115 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰਾਂ ਨੂੰ ਚੋਣ ਕਮਿਸ਼ਨ ਨੇ ਰੱਦ ਕਰ ਦਿੱਤਾ ਏ। ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ ਅੱਜ 19 ਮਈ ਏ। ਨਤੀਜੇ 29 ਮਈ ਨੂੰ ਐਲਾਨੇ ਜਾਣਗੇ। ਕਮਿਸ਼ਨ ਨੇ ਸਾਰੇ 23 ਜ਼ਿਲ੍ਹਿਆਂ ਵਿੱਚ IAS ਅਤੇ ਸੀਨੀਅਰ PCS ਅਧਿਕਾਰੀਆਂ ਨੂੰ ਜਨਰਲ ਅਬਜ਼ਰਵਰ ਵਜੋਂ ਨਿਯੁਕਤ ਕੀਤਾ ਗਿਆ ਏ ਅਤੇ ਚੋਣਾਂ ਨੂੰ ਨਿਰਪੱਖ, ਆਜ਼ਾਦ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਕੀਤੇ ਨੇ।

---------------------------------------------------------

ਕੁਝ ਮੀਡੀਆ ਰਿਪੋਰਟਾਂ ਅਤੇ ਸੋਸ਼ਲ ਮੀਡੀਆ ਪੋਸਟਾਂ ਵਿਚ ਦਾਅਵਾ ਕੀਤਾ ਜਾ ਰਿਹਾ ਏ ਕਿ ਭਾਰਤ ਸਰਕਾਰ ਮੰਦਰਾਂ ਦੇ ਸੋਨੇ ਦੇ ਭੰਡਾਰਾਂ ਦੇ ਬਦਲੇ ਸੋਨੇ ਦੇ ਬਾਂਡ ਜਾਰੀ ਕਰਨ ਦੀ ਯੋਜਨਾ ਬਣਾ ਰਹੀ ਏ ਜਾਂ ਮੰਦਰ ਦੇ ਸੋਨੇ ਦੇ ਭੰਡਾਰਾਂ ਦਾ ਮੁਦਰੀਕਰਨ ਕਰਨ ਲਈ ਇੱਕ ਤਜਵੀਜ਼ ਨੂੰ

ਮਨਜ਼ੂਰੀ ਦੇ ਦਿੱਤੀ ਗਈ ਏ। ਇਹ ਸਪੱਸ਼ਟ ਕੀਤਾ ਜਾਂਦਾ ਏ ਕਿ ਦੇਸ਼ ਭਰ ਵਿੱਚ ਮੰਦਰ ਟਰੱਸਟਾਂ ਜਾਂ ਕਿਸੇ ਵੀ ਧਾਰਮਿਕ ਸੰਸਥਾ ਵਲੋਂ ਰੱਖੇ ਗਏ ਸੋਨੇ ਦੇ ਮੁਦਰੀਕਰਨ ਲਈ ਇੱਕ ਯੋਜਨਾ ਸ਼ੁਰੂ ਕਰਨ ਦੀ ਸਰਕਾਰ ਦੀ ਯੋਜਨਾ ਬਾਰੇ ਅਟਕਲਾਂ ਅਤੇ ਅਫਵਾਹਾਂ ਪੂਰੀ ਤਰ੍ਹਾਂ ਝੂਠੀਆਂ, ਗੁੰਮਰਾਹਕੁੰਨ ਅਤੇ ਬੇਬੁਨਿਆਦ ਨੇ। ਇਹ ਵੀ ਸਪੱਸ਼ਟ ਕੀਤਾ ਗਿਆ ਏ ਕਿ ਮੰਦਰ ਦੇ ਟਾਵਰਾਂ, ਦਰਵਾਜ਼ਿਆਂ ਜਾਂ ਹੋਰ ਮੰਦਰ ਢਾਂਚਿਆਂ 'ਤੇ ਸੋਨੇ ਦੀਆਂ ਪਲੇਟਾਂ ਨੂੰ "ਭਾਰਤ ਦਾ ਰਣਨੀਤਕ ਸੋਨੇ ਦਾ ਭੰਡਾਰ" ਮੰਨੇ ਜਾਣ ਦਾ ਦਾਅਵਾ ਵੀ ਪੂਰੀ ਤਰ੍ਹਾਂ ਝੂਠਾ, ਗੁੰਮਰਾਹਕੁੰਨ ਅਤੇ ਬੇਬੁਨਿਆਦ ਏ। ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਏ ਕਿ ਉਹ ਅਜਿਹੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਨਾ ਹੀ ਅਗੇ ਫੈਲਾਉਣ। ਗੈਰ-ਪ੍ਰਮਾਣਿਤ ਜਾਣਕਾਰੀ ਫੈਲਾਉਣ ਨਾਲ ਬੇਲੋੜਾ ਭਰਮ ਪੈਦਾ ਹੁੰਦਾ ਏ ਅਤੇ ਲੋਕ ਗੁੰਮਰਾਹ ਹੋ ਸਕਦੇ ਨੇ। ਸਰਕਾਰ ਸਾਰੇ ਨਾਗਰਿਕਾਂ ਨੂੰ ਸਿਰਫ਼ ਅਧਿਕਾਰਤ ਸਰੋਤਾਂ ਵਲੋਂ ਜਾਰੀ ਕੀਤੀ ਗਈ ਅਧਿਕਾਰਤ ਜਾਣਕਾਰੀ 'ਤੇ ਭਰੋਸਾ ਕਰਨ ਦੀ ਅਪੀਲ ਕਰਦੀ ਏ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਚੱਲ ਰਹੀ ਮੁਹਿੰਮ ਦੌਰਾਨ, ਅਪ੍ਰੈਲ ਮਹੀਨੇ ਵਿੱਚ, 10 ਵੱਖ-ਵੱਖ ਟਰੈਪ ਮਾਮਲਿਆਂ ਵਿੱਚ, 12 ਸਰਕਾਰੀ ਅਧਿਕਾਰੀਆਂ ਨੂੰ ਰਿਸ਼ਵਤ ਲੈਂਦੇ ਹੋਏ

ਰੰਗੇ ਹੱਥੀਂ ਕਾਬੂ ਕੀਤਾ ਏ। ਅੱਜ ਚੰਡੀਗੜ੍ਹ ਵਿੱਚ ਇਸ ਬਾਰੇ ਜਾਣਕਾਰੀ ਦਿੰਦਿਆਂ, ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਬਿਊਰੋ ਨੇ ਇਸ ਸਮੇਂ ਦੌਰਾਨ, ਸਰਕਾਰੀ ਮੁਲਾਜ਼ਮਾਂ ਸਮੇਤ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਆਪਣੀਆਂ ਪੂਰੀਆਂ ਕੋਸ਼ਿਸ਼ਾਂ ਕੀਤੀਆਂ ਨੇ। ਉਨ੍ਹਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ, ਵੱਖ-ਵੱਖ ਅਦਾਲਤਾਂ ਵਿੱਚ, 59 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਜਮ੍ਹਾਂ ਕੀਤੇ ਨੇ। ਇਸ ਤੋਂ ਇਲਾਵਾ, ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ, 4 ਵਿਜੀਲੈਂਸ enquiries ਵੀ ਰਜਿਸਟਰ ਕੀਤੀਆਂ ਗਈਆਂ ਨੇ। ਉਨ੍ਹਾਂ ਕਿਹਾ ਕਿ 21 ਮੁਲਜ਼ਮਾਂ ਖ਼ਿਲਾਫ਼, 13 ਅਪਰਾਧਿਕ ਮਾਮਲੇ ਵੀ ਦਰਜ ਕੀਤੇ ਗਏ ਨੇ, ਜਿਨ੍ਹਾਂ ਵਿੱਚ 17 ਸਰਕਾਰੀ ਮੁਲਾਜ਼ਮ ਸ਼ਾਮਲ ਨੇ। ਹੋਰ ਵੇਰਵੇ ਦਿੰਦਿਆਂ, ਉਨ੍ਹਾਂ ਕਿਹਾ ਕਿ ਵੱਖ-ਵੱਖ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ, ਬਿਊਰੋ ਵੱਲੋਂ ਦਾਇਰ ਕੀਤੇ ਗਏ 4 ਰਿਸ਼ਵਤਖੋਰੀ ਦੇ ਮਾਮਲਿਆਂ ਦਾ ਫੈਸਲਾ ਸੁਣਾਇਆ, ਜਿਸ ਵਿੱਚ 20 ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਏ ਅਤੇ ਦੋ ਸਾਲ ਤੋਂ ਪੰਜ ਸਾਲ ਦੀ ਕੈਦ ਅਤੇ 10 ਹਜ਼ਾਰ ਰੁਪਏ ਤੋਂ 2 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਏ।

---------------------------------------------------

ਅੰਮ੍ਰਿਤਸਰ ਦੀ ਕਾਊਂਟਰ ਇੰਟੈਲੀਜੈਂਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ (BKI) ਵੱਲੋਂ ਸਮਰਥਤ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਵਿਦੇਸ਼ੀ-ਅਧਾਰਤ ਹੈਂਡਲਰਾਂ ਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਏ। ਅੱਜ ਚੰਡੀਗੜ੍ਹ ਵਿੱਚ ਇਸ ਬਾਰੇ ਜਾਣਕਾਰੀ ਦਿੰਦਿਆਂ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ, ਇਨ੍ਹਾਂ ਦੇ ਕਬਜ਼ੇ ਵਿੱਚੋਂ, ਦੋ ਹੱਥਗੋਲੇ ਬਰਾਮਦ ਕੀਤੇ ਗਏ ਨੇ। ਦੋ ਹੱਥਗੋਲਿਆਂ ਤੋਂ ਇਲਾਵਾ, ਪੁਲਿਸ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਏ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ, ਅੰਮ੍ਰਿਤਸਰ ਦੇ ਅਜਨਾਲਾ ਵਾਸੀ ਅਜੈ ਅਤੇ ਅੰਮ੍ਰਿਤਸਰ ਦੇ ਫੱਤੇਵਾਲ ਕਲਾਂ ਵਾਸੀ ਜੋਧਬੀਰ ਸਿੰਘ ਵਜੋਂ ਹੋਈ ਏ। ਪੁਲਿਸ ਮੁਖੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਬਰਾਮਦ ਕੀਤੇ ਗਏ ਹੱਥਗੋਲੇ, ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸਨ, ਜਿਸਦਾ ਮਕਸਦ, ਪੰਜਾਬ ਵਿੱਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਕਰਨ ਲਈ, ਸਰਕਾਰੀ ਸੰਸਥਾਵਾਂ ਤੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣਾ ਸੀ। ਹੋਰ ਵੇਰਵੇ ਸਾਂਝੇ ਕਰਦਿਆਂ, ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੂੰ ਵਿਦੇਸ਼ੀ-ਅਧਾਰਤ ਹੈਂਡਲਰਾਂ ਵੱਲੋਂ ਆਪਣੇ ਸਾਥੀਆਂ ਨੂੰ ਹੱਥਗੋਲੇ ਸਪਲਾਈ ਕਰਨ ਬਾਰੇ ਭਰੋਸੇਯੋਗ ਸੂਹ ਮਿਲੀ ਸੀ, ਜਿਸ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਏ।

---------------------------------------------------------

ਮੌਸਮ ਵਿਭਾਗ ਵਲੋਂ ਪੰਜਾਬ ਤੇ ਹਰਿਆਣਾ ਵਿੱਚ, ਆਉਂਦੀ 25 ਮਈ ਤੱਕ, ਲੂ ਵਗਣ ਬਾਰੇ ਜਾਰੀ ਯੈਲੋ ਅਲਰਟ ਦੇ ਚੱਲਦਿਆਂ, ਦੋਵੇਂ ਸੂਬਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਪਾਰ ਕਰ ਗਿਆ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਵੱਲੋਂ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ, ਤਾਪਮਾਨ ਵਿੱਚ ਹੋਰ ਵਾਧਾ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ। ਪੇਸ਼ ਏ ਇਕ ਰਿਪੋਰਟ

ਇਸ ਦੌਰਾਨ ਪੰਜਾਬ ਦੇ ਫਰੀਦਕੋਟ ਵਿਚ ਵਿੱਚ ਵੱਧ ਤੋਂ ਵੱਧ ਤਾਪਮਾਨ 47.3 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ ਜਦ ਕਿ ਹਰਿਆਣਾ ਵਿੱਚ 46.9 ਡਿਗਰੀ ਸੈਲਸੀਅਸ ਤਾਪਮਾਨ ਨਾਲ ਰੋਹਤਕ ਸਭ ਤੋਂ ਵੱਧ ਗਰਮ ਸ਼ਹਿਰ ਰਿਹਾ ।

---------------------------------------------------------

ਬੀਤੇ ਦਿਨੀ ਰੇਲ ਗੱਡੀ ਵਿੱਚ ਮ੍ਰਿਤਕ ਪਾਏ ਗਏ ਜ਼ਿਲਾ ਗੁਰਦਾਸਪੁਰ ਦੇ ਫੌਜੀ ਜਵਾਨ ਲਾਂਸ ਨਾਇਕ ਪ੍ਰਭਸ਼ਰਨ ਸਿੰਘ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਜੱਦੀ ਪਿੰਡ 'ਚ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ । ਜ਼ਿਕਰਯੋਗ ਏ ਕਿ ਕਲਾਨੌਰ ਦੇ ਰਹਿਣ ਵਾਲੇ ਲਾਂਸ ਨਾਇਕ ਪ੍ਰਭਸ਼ਰਨ ਸਿੰਘ ਛੁੱਟੀ ਕੱਟ ਕੇ ਵਾਪਸ ਜਾ ਰਹੇ ਸਨ, ਜਿਨ੍ਹਾਂ ਦੀ ਰਸਤੇ ਵਿੱਚ ਰੇਲ ਗੱਡੀ ਵਿੱਚ ਹੀ ਮੌਤ ਹੋ ਗਈ ।

ਮ੍ਰਿਤਕ ਫੌਜੀ ਜਵਾਨ ਦੇ ਪਿਤਾ ਸਾਬਕਾ ਫੌਜੀ ਰਜਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਪ੍ਰਭ-ਸ਼ਰਨ ਸਿੰਘ ਦੀ ਯੂਨਿਟ ਇਸ ਸਮੇਂ ਮੇਰਠ ਸੀ ਅਤੇ ਉਹ ਕਲਾਨੌਰ ਵਿਖੇ ਸੱਤ ਦਿਨ ਛੁੱਟੀ ਕੱਟ ਕੇ ਬੀਤੇ ਦਿਨ ਆਪਣੇ ਸਾਥੀ ਸਮੇਤ ਰੇਲ ਗੱਡੀ ਰਾਹੀਂ ਮੇਰਠ ਡਿਊਟੀ ਤੇ ਜਾ ਰਿਹਾ ਸੀ।

---------------------------------------------------

ਪੰਜਾਬ ਵਿੱਚ ਦੋ ਵੱਖ-ਵੱਖ ਸੜਕ ਹਾਦਸਿਆਂ ਵਿੱਚ, ਇੱਕ ਪੁਲਿਸ ਕਰਮਚਾਰੀ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ ਏ । ਅੱਜ ਸਵੇਰੇ ਅੰਮ੍ਰਿਤਸਰ -ਪਠਾਨਕੋਟ ਸ਼ਾਹਰਾਹ 'ਤੇ ਵਾਪਰੇ ਇੱਕ ਹਾਦਸੇ ਵਿੱਚ, ਕਾਰ ਸਵਾਰ ਚਾਰ ਨੌਜਵਾਨਾਂ ਦੀ ਮੌਤ ਹੋ ਗਈ । ਹਾਦਸਾ ਉਸ ਵੇਲੇ ਵਾਪਰਿਆ ਜਦੋਂ ਇਹ ਕਾਰ ਪਠਾਨਕੋਟ ਤੋਂ ਆਉਂਦੇ ਹੋਏ ਇੱਕ ਅਣ-ਪਛਾਤੇ ਭਾਰੀ ਵਾਹਨ ਨਾਲ ਟਕਰਾ ਗਈ । ਚਾਰਾਂ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸਾਡੇ ਪੱਤਰਕਾਰ ਨੇ ਦਸਿਆ ਕਿ ਮ੍ਰਿਤਕ ਨੌਜਵਾਨਾਂ ਚੋਂ, ਦੋਂ ਪਠਾਨਕੋਟ ਸ਼ਹਿਰ ਦੇ ਨੇ , ਇੱਕ ਨੌਜਵਾਨ ਜੰਮੂ ਅਤੇ ਇੱਕ ਸੁਜਾਨਪੁਰ ਦਾ ਰਹਿਣ ਵਾਲਾ ਏ । ਬਟਾਲਾ ਪੁਲਿਸ ਦੀ ਚੌਂਕੀ ਨੌਸ਼ਹਿਰਾ ਮਾਝਾ ਸਿੰਘ ਦੇ ਇੰਚਾਰਜ ਬਲਜੀਤ ਸਿੰਘ ਨੇ ਦਸਿਆ ਕਿ ਮ੍ਰਿਤਕਾ ਚੋ ਤਿੰਨ ਨੌਜਵਾਨ ਹਿਮਾਚਲ ਪ੍ਰਦੇਸ਼ ਸਥਿਤ ਇਕ ਪ੍ਰਾਈਵੇਟ ਨਸ਼ਾ ਛਡਾਊ ਕੇਂਦਰ 'ਚ ਜ਼ੇਰੇ ਇਲਾਜ਼ ਸਨ ।

ਹੁਸ਼ਿਆਰਪੁਰ ਵਿੱਚ ਇੱਕ ਹੋਰ ਸੜਕ ਹਾਦਸੇ ਵਿੱਚ ਇੱਕ ਪੁਲਿਸ ਕਰਮਚਾਰੀ ਦੀ ਮੌਤ ਹੋ ਗਈ। ਇਹ ਹਾਦਸਾ ਪੁਲਿਸ ਕਰਮਚਾਰੀ ਦੀ ਕਾਰ ਦੇ ਦੂਜੇ ਪਾਸੇ ਤੋਂ ਆ ਰਹੇ ਇੱਕ ਟਰੱਕ ਨਾਲ ਟਕਰਾਉਣ ਕਾਰਨ ਵਾਪਰਿਆ। ਦੋਵਾਂ ਮਾਮਲਿਆਂ ਵਿੱਚ ਅਗਲੇਰੀ ਜਾਂਚ ਜਾਰੀ ਏ।

---------------------------------------------------------

IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ। ਇਹ ਮੈਚ ਜੈਪੁਰ ਵਿੱਚ ਸ਼ਾਮ ਸਾਢੇ 7 ਵਜੇ ਤੋਂ ਖੇਡਿਆ ਜਾਵੇਗਾ। ਰਾਇਲ ਚੈਲੇਂਜਰਜ਼ ਬੰਗਲੁਰੂ , ਗੁਜਰਾਤ ਟਾਈਟਨਜ਼, ਅਤੇ ਸਨਰਾਈਜ਼ਰਜ਼ ਹੈਦਰਾਬਾਦ ਨੇ ਪਲੇਆਫ ਲਈ ਕੁਆਲੀਫਾਈ ਕਰ ਲਿਆ ਏ , ਜਦੋਂ ਕਿ ਮੁੰਬਈ ਇੰਡੀਅਨਜ਼ ਅਤੇ ਲਖਨਊ ਸੁਪਰ ਜਾਇੰਟਸ ਮੁਕਾਬਲੇ ਤੋਂ ਬਾਹਰ ਹੋ ਗਏ ਨੇ।

---------------------------------------------------------

- ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ -ਲੋੜਵੰਦ ਵਿਦਿਆਰਥੀਆਂ ਨੂੰ ਵਿਦਿਅਕ ਸਹਾਇਤਾ ਪ੍ਰਦਾਨ ਕਰਨਾ, ਰਾਸ਼ਟਰ ਨਿਰਮਾਣ ਵੱਲ ਇੱਕ ਸ਼ਕਤੀਸ਼ਾਲੀ ਕਦਮ ਏ।

- ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਮਰਦਮਸ਼ੁਮਾਰੀ ਕਾਰਜਾਂ ਵਿੱਚ ਜਾਤੀਵਾਚਕ ਸ਼ਬਦਾਂ ਦੀ ਵਰਤੋਂ ਦੇ ਇਲਜ਼ਾਮਾਂ ਨੂੰ ਲੈ ਕੇ, ਸੰਬਧਤ ਵਿਭਾਗਾਂ ਨੂੰ ਨੋਟਿਸ ਜਾਰੀ ਕੀਤਾ।
- ਪੰਜਾਬ ਰਾਜ ਚੋਣ ਕਮਿਸ਼ਨ ਨੇ 26 ਮਈ ਨੂੰ 8 ਨਗਰ ਨਿਗਮਾਂ ਸਮੇਤ 105 ਸਥਾਨਕ ਇਕਾਈਆਂ ਲਈ ਹੋਣ ਵਾਲੀਆਂ ਆਉਂਦੀਆਂ ਨਗਰ ਨਿਗਮ ਆਮ ਚੋਣਾਂ, 2026 ਲਈ ਦਾਖਲ ਕੀਤੀਆਂ 713 ਨਾਮਜ਼ਦਗੀਆਂ ਰੱਦ ਕੀਤੀਆਂ ।
- ਪੰਜਾਬ ਤੇ ਹਰਿਆਣਾ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਪਾਰ ਹੋਇਆ -ਮੌਸਮ ਵਿਭਾਗ ਵੱਲੋਂ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ, ਤਾਪਮਾਨ ਵਿੱਚ ਹੋਰ ਵਾਧਾ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ।
- IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਜੈਪੁਰ ਵਿੱਚ ਸ਼ਾਮੀ ਸਾਢੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !